# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :24-05-2026**

ਪੰਜਾਬ ਚੋਣ ਕਮਿਸ਼ਨ ਨੇ ਦੱਸਿਆ ਏ ਕਿ ਸੂਬੇ ਵਿਚ ਆਉਂਦੀ 26 ਮਈ ਨੂੰ ਹੋ ਰਹੀਆਂ ਮਿਉਂਸਪਲ ਚੋਣਾਂ ਲਈ ਕੁੱਲ 7,555 ਉਮੀਦਵਾਰ ਚੋਣ ਮੈਦਾਨ ਵਿਚ ਨੇ। ਆਮ ਆਦਮੀ ਪਾਰਟੀ ਦੇ 1801, ਕਾਂਗਰਸ ਦੇ 1550, ਭਾਰਤੀ ਜਨਤਾ ਪਾਰਟੀ ਦੇ 1316, ਸ਼੍ਰੋਮਣੀ ਅਕਾਲੀ ਦਲ ਦੇ 1251, ਬਹੁਜਨ ਸਮਾਜ ਪਾਰਟੀ ਦੇ 96 ਉਮੀਦਵਾਰ ਅਤੇ 1528 ਆਜ਼ਾਦ ਉਮੀਦਵਾਰ ਇਹ ਚੋਣਾਂ ਲੜਣਗੇ।

---

ਪੰਜਾਬ ਵਿਚ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਨੂੰ ਆਜਾਦ, ਨਿਰਪੱਖ ਤੇ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਸੂਬਾ ਸਰਕਾਰ ਵੱਲੋਂ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਨੇ। ਆਬਕਾਰੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਏ ਕਿ ਪੰਜਾਬ ਦੇ ਮੁੱਖ ਚੋਣ ਕਮਿਸ਼ਨਰ

ਦੀਆਂ ਹਦਾਇਤਾਂ ਮੁਤਾਬਕ ਚੋਣਾਂ ਵਾਲੇ ਇਲਾਕਿਆਂ ਵਿਚ 26 ਮਈ ਨੂੰ ਡ੍ਰਾਈ ਡੇਅ ਐਲਾਨਿਆ ਗਿਆ ਏ। ਉਨ੍ਹਾਂ ਦੱਸਿਆ ਕਿ ਡ੍ਰਾਈ ਡੇਅ ਦੌਰਾਨ ਸਬੰਧਤ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਅਧਿਕਾਰਤ ਖੇਤਰਾਂ ਵਿਚ ਸ਼ਰਾਬ ਦੀ ਵਿਕਰੀ, ਵੰਡ ਤੇ ਵਰਤੋਂ ਉੱਤੇ ਪੂਰਨ ਪਾਬੰਦੀ ਰਹੇਗੀ। ਇਸ ਦਿਨ ਸਾਰੇ ਠੇਕੇ, ਅਹਾਤੇ, ਬਾਰ, ਹੋਟਲਾਂ ਵਿਚ ਸਥਿਤ ਬਾਰ ਤੇ ਸ਼ਰਾਬ ਵੇਚਣ ਵਾਲੇ ਸਥਾਨ ਬੰਦ ਰਹਿਣਗੇ।

-----------------------------------------------------------------------

ਕਪੂਰਥਲਾ ਜੇਲ੍ਹ ਦੀ ਇਕ ਬੈਰਕ ਵਿੱਚ ਕੈਦੀਆਂ ਵਿਚਾਲੇ ਕੱਲ੍ਹ ਕਥਿਤ ਤੌਰ ਉੱਤੇ ਦੇਰ ਰਾਤ ਹੋਏ ਹੰਗਾਮੇ ਕਾਰਨ ਜੇਲ੍ਹ ਦੇ ਕੁਝ ਬੁਨਿਆਦੀ ਢਾਂਚੇ ਨੂੰ ਨੁਕਸਾਨ ਪੁੱਜਾ ਏ। ਇਹ ਘਟਨਾ ਕੈਦੀਆਂ ਅਤੇ ਵਿਚਾਰ ਅਧੀਨ ਕੈਦੀਆਂ ਵਿਚਾਲੇ ਝੜਪ ਤੋਂ ਬਾਅਦ ਵਾਪਰੀ ਏ। ਸੀਨੀਅਰ ਪੁਲਿਸ ਅਧਿਕਾਰੀ ਤੁਰੰਤ ਸਥਿਤੀ ਨੂੰ ਕਾਬੂ ਵਿਚ ਕਰਨ ਲਈ ਪੁਲਿਸ ਬਲਾਂ ਨਾਲ ਮੌਕੇ ਉੱਤੇ ਪੁੱਜੇ। ਇਸ ਦੌਰਾਨ ਜੇਲ੍ਹ ਦੇ ਅੰਦਰ ਤੇ ਬਾਹਰ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਏ। ਕਪੂਰਥਲਾ ਦੇ ਐੱਸ.ਐੱਸ.ਪੀ. ਗੌਰਵ ਤੂਰਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ...

Byte… Gaurav Toora

-----------------------------------------------------------------------

ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਨੇ ਸਰਹੱਦ ਪਾਰ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ ਅਤੇ ਗੁਰੂਹਰਸਹਾਏ ਤੇ ਫਿਰੋਜ਼ਪੁਰ ਵਿੱਚੋਂ 28 ਕਿੱਲੋ ਤੋਂ ਵੱਧ ਹੈਰੋਇਨ ਸਮੇਤ ₹9 ਲੱਖ ਤੋਂ ਵੱਧ ਦੀ ਰਕਮ ਬਰਾਮਦ ਕੀਤੀ ਏ। ਮੁੱਢਲੀ ਜਾਂਚ ਮੁਤਾਬਕ ਇਸ ਗਿਰੋਹ ਦੇ ਸਬੰਧ ਵਿਦੇਸ਼ਾਂ ਵਿਚ ਬੈਠੇ ਤਸਕਰਾਂ ਅਤੇ ਹੈਂਡਲਰਾਂ ਨਾਲ ਸਨ, ਜਿਨ੍ਹਾਂ ਨੇ ਮੁਲਜ਼ਮਾਂ ਨੂੰ ਨਸ਼ੀਲੇ ਪਦਾਰਥਾਂ ਦੀ ਖੇਪ ਭੇਜ ਕੇ, ਅੱਗੇ ਵੰਡਣ ਦਾ ਕੰਮ ਸੌਂਪਿਆ ਸੀ। ਇਸ ਮਾਮਲੇ ਵਿਚ ਅਗਲੇਰੀ ਜਾਂਚ ਜਾਰੀ ਏ।

---------------------------------------------------------------------------

ਦੇਸ਼-ਵਿਆਪੀ ਫਿਟ ਇੰਡੀਆ ਮੁਹਿੰਮ ਦੇ ਹਿੱਸੇ ਵਜੋਂ, ਸਰਹੱਦੀ ਸੁਰੱਖਿਆ ਬਲ ਦੇ ਜਲੰਧਰ ਸਥਿਤ ਪੰਜਾਬ ਫਰੰਟੀਅਰ ਹੈੱਡਕੁਆਰਟਰ ਨੇ ਅੱਜ ਫਿਟ ਇੰਡੀਆ "ਸਾਈਡ ਔਨ ਸਾਈਕਲ" ਮੁਹਿੰਮ ਦੇ 75ਵੇਂ ਐਡੀਸ਼ਨ ਦੇ ਹਿੱਸੇ ਵਜੋਂ ਸਾਈਕਲ ਰੈਲੀ ਕਰਵਾਈ। ਇਹ ਰੈਲੀ ਪੰਜਾਬ ਫਰੰਟੀਅਰ ਹੈੱਡਕੁਆਰਟਰ ਬੀ.ਐੱਸ.ਐੱਫ. ਦੇ ਅਸ਼ਵਨੀ ਸਟੇਡੀਅਮ ਤੋਂ ਸ਼ੁਰੂ ਹੋਈ ਅਤੇ ਇਸ ਵਿੱਚ 250 ਤੋਂ ਵੱਧ ਬੀ.ਐੱਸ.ਐੱਫ. ਅਧਿਕਾਰੀਆਂ ਤੇ ਜਵਾਨਾਂ ਨੇ ਹਿੱਸਾ ਲਿਆ।ਸਾਈਕਲ ਰੈਲੀ ਨੂੰ ਬੀ.ਐੱਸ.ਐੱਫ. ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ਲੇ ਨੇ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨੇ ਸਾਈਕਲਿੰਗ ਨੂੰ ਸਰੀਰਕ ਅਤੇ

ਮਾਨਸਿਕ ਸਿਹਤ ਬਣਾਈ ਰੱਖਣ ਦਾ ਅਸਰਦਾਰ ਤੇ ਬਿਹਤਰੀਨ ਸਾਧਨ ਦੱਸਿਆ।

---------------------------------------------------------------------

ਰਾਂਚੀ ਵਿਚ ਫੈਡਰੇਸ਼ਨ ਕੱਪ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਗੁਰਿੰਦਰਵੀਰ ਸਿੰਘ ਨੇ ਮਰਦਾਂ ਦੇ 100 ਮੀਟਰ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ। ਉਨ੍ਹਾਂ ਨੇ ਇਹ ਪ੍ਰਾਪਤੀ 10.09 ਸਕਿੰਟਾਂ ਦੇ ਨਵੇਂ ਰਾਸ਼ਟਰੀ ਰਿਕਾਰਡ ਨਾਲ ਹਾਸਲ ਕੀਤੀ। ਉਨ੍ਹਾਂ ਦਾ ਪਿਛਲਾ ਰਿਕਾਰਡ 10 ਅਸ਼ਾਰੀਆ 17 ਸਕਿੰਟਾਂ ਦਾ ਸੀ ਤੇ ਉਨ੍ਹਾਂ ਨੇ ਰਾਸ਼ਟਰਮੰਡਲ ਖੇਡਾਂ ਲਈ ਕੁਆਲੀਫਾਈ ਕਰ ਲਿਆ ਏ। ਇਸ ਪ੍ਰਾਪਤੀ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸਾਡੇ ਹੋਣਹਾਰ ਅਥਲੀਟ ਨੂੰ ਫੈਡਰੇਸ਼ਨ ਕੱਪ ਦੀ 100 ਮੀਟਰ ਫਰਾਟਾ ਦੌੜ ਵਿੱਚ ਸੋਨੇ ਦਾ ਤਮਗਾ ਜਿੱਤਣ ਉੱਤੇ ਬਹੁਤ-ਬਹੁਤ ਵਧਾਈ। ਪੰਜਾਬ ਦੇ ਪੁੱਤਰ ਨੇ ਮਹਿਜ਼ 10.09 ਸਕਿੰਟਾਂ ਦਾ ਸਮਾਂ ਕੱਢ ਕੇ ਨਵਾਂ ਨੈਸ਼ਨਲ ਰਿਕਾਰਡ ਬਣਾਇਆ ਏ।

---------------------------------------------------------------------

ਅੰਮ੍ਰਿਤਸਰ ਦੇ ਅਣਗੜ੍ਹ ਇਲਾਕੇ ਵਿਚ ਗੈਰ-ਕਾਨੂੰਨੀ ਪਟਾਕਾ ਨਿਰਮਾਣ ਖਿਲਾਫ ਕਾਰਵਾਈ ਕਰਦਿਆਂ ਇਕ ਔਰਤ ਨੂੰ ਹਿਰਾਸਤ ਵਿਚ ਲਿਆ ਗਿਆ ਏ। ਇਹ ਕਾਰਵਾਈ ਉਸ ਸਮੇਂ ਕੀਤੀ ਗਈ ਜਦੋਂ ਕੁਝ ਦਿਨ

ਪਹਿਲਾਂ ਇਸੇ ਇਲਾਕੇ ਵਿਚ ਇਕ ਘਰ ਵਿਚ ਧਮਾਕਾ ਹੋ ਗਿਆ ਸੀ ਤੇ ਇਕ ਔਰਤ ਦੀ ਮੌਤ ਹੋ ਗਈ ਸੀ। ਧਮਾਕੇ ਵਿਚ ਦੋ ਵਿਅਕਤੀ ਜ਼ਖਮੀ ਹੋਏ ਸਨ।